# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :30-11-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ‘ਚ ਸੰਬੋਧਨ ਕਰਦਿਆਂ ਕਿਹਾ ਏ ਕਿ ਭਾਰਤ ਦੇ ਅਨਾਜ ਉਤਪਾਦਨ ‘ਚ ਪਿਛਲੇ 10 ਸਾਲਾਂ ਵਿੱਚ 100 ਮਿਲੀਅਨ ਟਨ ਦਾ ਵਾਧਾ ਹੋਇਆ ਏ.
- ਪੰਜਾਬ ਵਿਜੀਲੈਂਸ ਬਿਊਰੋ ਨੇ ਸਾਬਕਾ ਮੰਤਰੀ ਅਤੇ ਅਕਾਲੀ ਦਲ ਦੇ ਨੇਤਾ ਬਿਕਰਮ ਸਿੰਘ ਮਜੀਠੀਆ ਦੇ ਕਰੀਬੀ ਸਾਥੀ ਹਰਪ੍ਰੀਤ ਸਿੰਘ ਗੁਲਾਟੀ ਨੂੰ ਅੱਜ ਗ੍ਰਿਫ਼ਤਾਰ ਕਰ ਲਿਆ ਏ ।
- ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਪਾਕਿਸਤਾਨ ਦੀ ਹਮਾਇਤ ਪ੍ਰਾਪਤ ਗੈਂਗਸਟਰ ਨਾਲ ਜੁੜੇ ਇੱਕ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ।

- ਨਸ਼ੀਲੇ ਪਦਾਰਥਾਂ ਦੀ ਤਸਕਰੀ ਖਿਲਾਫ ਇੱਕ ਵੱਡੀ ਕਾਰਵਾਈ ਕਰਦਿਆਂ, ਜਲੰਧਰ ਕਮਿਸ਼ਨਰੇਟ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨਾਲ ਸਬੰਧਤ 36 ਲੱਖ ਤੋਂ ਵੱਧ ਰੁਪਏ ਦੀ ਚੱਲ ਅਤੇ ਅਚੱਲ ਜਾਇਦਾਦ ਜ਼ਬਤ ਕੀਤੀ ਏ।
- ਹਾਕੀ ਵਿੱਚ, ਭਾਰਤ ਅਤੇ ਬੈਲਜੀਅਮ ਦਰਮਿਆਨ ਸੁਲਤਾਨ ਅਜ਼ਲਾਨ ਸ਼ਾਹ ਕੱਪ 2025 ਦਾ ਫਾਈਨਲ ਮੁਕਾਬਲਾ ਅੱਜ ਮਲੇਸ਼ੀਆ ਦੇ ਇਪੋਹ ਵਿਖੇ ਖੇਡਿਆ ਜਾ ਰਿਹਾ ਏ.

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਲੀਪ ਇੰਜਣ MRO ਸਹੂਲਤ, INS ਮਾਹੇ, ਅਤੇ ਸਕਾਈਰੂਟ ਦਾ ਇਨਫਿਨਿਟੀ ਕੈਂਪਸ ਭਾਰਤ ਦੀ ਨਵੀਂ ਸੋਚ, ਕਾਢਾਂ ਅਤੇ ਯੁਵਾ ਸ਼ਕਤੀ ਨੂੰ ਦਰਸਾਉਂਦੇ ਨੇ. ਅੱਜ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗ੍ਰਾਮ ‘ਚ ਸ਼੍ਰੀ ਮੋਦੀ ਨੇ ਇਹ ਗੱਲ ਕਹੀ -

byte

ਸ਼੍ਰੀ ਮੋਦੀ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਭਾਰਤ ਦੇ ਅਨਾਜ ਉਤਪਾਦਨ ਵਿੱਚ 100 ਕਰੋੜ ਟਨ ਦਾ ਵਾਧਾ ਹੋਇਆ ਏ -

byte

ਪ੍ਰਧਾਨ ਮੰਤਰੀ ਨੇ ਕਿਹਾ ਕਿ ਰਾਸ਼ਟਰਮੰਡਲ ਖੇਡਾਂ ਦੀ ਮੇਜ਼ਬਾਨੀ ਮਿਲਣਾ, ਭਾਰਤ ਲਈ ਮਾਣ ਵਾਲੀ ਗੱਲ ਏ। ਉਨ੍ਹਾਂ ਕਿਹਾ ਕਿ ਇਹ ਦੇਸ਼ ਅਤੇ ਇਸਦੇ ਨਾਗਰਿਕਾਂ ਦੀਆਂ ਪ੍ਰਾਪਤੀਆਂ ਨੇ . ਸ਼੍ਰੀ ਮੋਦੀ ਨੇ ਕਿਹਾ ਕਿ ਇਸ ਮਹੀਨੇ ਭਾਰਤ ਦੀ ਔਰਤਾਂ ਦੀ ਟੀਮ ਵਲੋਂ ਕ੍ਰਿਕੇਟ ਵਿਸ਼ਵ ਕੱਪ ਜਿੱਤਣ ਤੋਂ ਇਲਾਵਾ, ਭਾਰਤੀ ਖਿਡਾਰੀਆਂ ਨੇ ਕਈ ਖਿਤਾਬ ਆਪਣੇ ਨਾਂ ਕੀਤੇ ਨੇ -

BYTE

------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸਾਬਕਾ ਮੰਤਰੀ ਅਤੇ ਅਕਾਲੀ ਦਲ ਦੇ ਨੇਤਾ ਬਿਕਰਮ ਸਿੰਘ ਮਜੀਠੀਆ ਦੇ ਕਰੀਬੀ ਸਾਥੀ ਹਰਪ੍ਰੀਤ ਸਿੰਘ ਗੁਲਾਟੀ ਨੂੰ ਅੱਜ ਗ੍ਰਿਫ਼ਤਾਰ ਕਰ ਲਿਆ ਏ । ਸਰਕਾਰੀ ਹਲਕਿਆਂ ਮੁਤਾਬਿਕ, ਗੁਲਾਟੀ ਤਿੰਨ ਸ਼ਰਾਬ ਕੰਪਨੀਆਂ ਨਾਲ ਜੁੜਿਆ ਹੋਇਆ ਸੀ,

ਜਿਸ ਰਾਹੀਂ ਸਾਬਕਾ ਮੰਤਰੀ ਨੇ ਸ਼ਿਮਲਾ ਅਤੇ ਦਿੱਲੀ ਵਿੱਚ ਜਾਇਦਾਦਾਂ ਖਰੀਦੀਆਂ ਸਨ। ਵਿਜੀਲੈਂਸ ਬਿਊਰੋ ਨੇ ਮਜੀਠੀਆ ਵਿਰੁੱਧ ਦਰਜ ਕੀਤੇ ਗਏ ਪੈਸੇ ਦੇ ਹਵਾਲਾ ਲੈਣ ਦੇਣ ਦੇ ਕੇਸ ਵਿੱਚ ਉਸਦੀ ਸ਼ਮੂਲੀਅਤ ਪਾਈ ਸੀ।

--------------------------------------------------------

ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਪਾਕਿਸਤਾਨ ਦੀ ਹਮਾਇਤ ਪ੍ਰਾਪਤ ਗੈਂਗਸਟਰ ਨਾਲ ਜੁੜੇ ਇੱਕ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸਪੈਸ਼ਲ ਸੈੱਲ ਦੇ ਵਧੀਕ ਪੁਲਿਸ ਕਮਿਸ਼ਨਰ ਪ੍ਰਮੋਦ ਕੁਮਾਰ ਕੁਸ਼ਵਾਹਾ ਨੇ ਦੱਸਿਆ ਕਿ, ਇਸ ਮਾਡਿਊਲ ਦੀ ਅਗਵਾਈ ਇੱਕ ਪਾਕਿਸਤਾਨੀ ਨਾਗਰਿਕ ਸ਼ਹਿਜ਼ਾਦ ਭੱਟੀ ਕਰ ਰਿਹਾ ਸੀ, ਜੋ ਇਸ ਸਮੇਂ ਪਾਕਿਸਤਾਨ ਦੀ ਖੁਫੀਆ ਏਜੰਸੀ ਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਏ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਪੰਜਾਬ, ਮੱਧ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਦੇ ਤਿੰਨ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਸ੍ਰੀ ਕੁਸ਼ਵਾਹਾ ਨੇ ਦੱਸਿਆ ਕਿ ਇਨ੍ਹਾਂ ਨੇ ਹਾਲ ਹੀ ਵਿੱਚ ਇਸ ਮਹੀਨੇ ਦੀ 25 ਤਰੀਕ ਨੂੰ,

ਗੁਰਦਾਸਪੁਰ ਸਿਟੀ ਪੁਲਿਸ ਥਾਣੇ ਦੇ ਸਾਹਮਣੇ ਇੱਕ ਹੱਥਗੋਲਾ ਸੁੱਟਿਆ ਸੀ। ਉਨ੍ਹਾਂ ਕਿਹਾ ਕਿ, ਸ਼ਹਿਜ਼ਾਦ ਭੱਟੀ ਬਾਹਰੋਂ ਨਿਰਦੇਸ਼ ਦਿੰਦਾ ਸੀ ਅਤੇ ਇਸ ਗਰੁੱਪ ਨੂੰ ਸਿੱਧੇ ਤੌਰ 'ਤੇ ਆਪਣੇ ਸਾਥੀਆਂ ਨਾਲ ਰਲ ਕੇ ਚਲਾ ਰਿਹਾ ਸੀ। ਉਹ ਨੌਜਵਾਨ ਮੁੰਡਿਆਂ ਦੀ ਵਰਤੋਂ ਕਰਕੇ, ਦਹਿਸ਼ਤਗਰਦ ਗਤੀਵਿਧੀਆਂ ਨੂੰ ਅੰਜਾਮ ਦੇ ਰਿਹਾ ਸੀ।

---------------------------------------------------------

ਨਸ਼ੀਲੇ ਪਦਾਰਥਾਂ ਦੀ ਤਸਕਰੀ ਖਿਲਾਫ ਇੱਕ ਵੱਡੀ ਕਾਰਵਾਈ ਕਰਦਿਆਂ, ਜਲੰਧਰ ਕਮਿਸ਼ਨਰੇਟ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨਾਲ ਸਬੰਧਤ 36 ਲੱਖ ਤੋਂ ਵੱਧ ਰੁਪਏ ਦੀ ਚੱਲ ਅਤੇ ਅਚੱਲ ਜਾਇਦਾਦ ਜ਼ਬਤ ਕੀਤੀ ਏ। ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ, ਇਹ ਪਤਾ ਲੱਗਿਆ ਏ ਕਿ ਮੁਲਜ਼ਮਾਂ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਤੋਂ ਪ੍ਰਾਪਤ ਕਮਾਈ ਦੀ ਵਰਤੋਂ ਕਰਕੇ, ਜਾਇਦਾਦ ਅਤੇ ਵਾਹਨ ਖਰੀਦੇ ਸਨ। ਪੁਲਿਸ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਜ਼ਬਤ ਕੀਤੀਆਂ ਗਈਆਂ ਜਾਇਦਾਦਾਂ ਵਿੱਚ ਇੱਕ ਮਕਾਨ, ਦੋ ਕਾਰਾਂ ਅਤੇ ਇੱਕ ਐਕਟਿਵਾ ਸਕੂਟਰ ਸ਼ਾਮਲ ਨੇ, ਜਿਸ ਦੀ ਕੁੱਲ ਕੀਮਤ

36 ਲੱਖ 5 ਹਜ਼ਾਰ 427 ਰੁਪਏ ਏ। ਨਸ਼ਾ ਤਸਕਰੀ ਨੂੰ ਖਤਮ ਕਰਨ ਲਈ ਜਲੰਧਰ ਪੁਲਿਸ ਦੀ ਅਟੁੱਟ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ, ਉਨ੍ਹਾਂ ਕਿਹਾ ਕਿ ਨਸ਼ੀਲੇ ਪਦਾਰਥਾਂ ਦੇ ਕਾਰੋਬਾਰ ਵਿੱਚ ਸ਼ਾਮਲ ਸਾਰੇ ਵਿਅਕਤੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ .

---------------------------------------------------------

ਸਰਹੱਦੀ ਸੁਰੱਖਿਆ ਬਲ (ਬੀਐਸਐਫ) ਨੇ ਇਸ ਸਾਲ ਜਨਵਰੀ ਤੋਂ ਹੁਣ ਤੱਕ ਪਾਕਿਸਤਾਨ ਤੋਂ ਹਥਿਆਰ, ਗੋਲੀ ਸਿੱਕਾ ਅਤੇ ਨਸ਼ੀਲੇ ਪਦਾਰਥ ਸੁੱਟਣ ਲਈ ਪੰਜਾਬ ਸਰਹੱਦ ਦੇ ਅੰਦਰ ਆਉਣ ਵਾਲੇ 272 ਡਰੋਨ ਜ਼ਬਤ ਕੀਤੇ ਨੇ ਅਤੇ 367 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਏ । ਪਹਿਲੀ ਦਸੰਬਰ 2025 ਨੂੰ ਮਨਾਏ ਜਾ ਰਹੇ BSF ਦੇ 61ਵੇਂ ਸਥਾਪਨਾ ਦਿਵਸ ਤੋਂ ਪਹਿਲਾਂ ਦੀ ਸ਼ਾਮ ਅੰਮ੍ਰਿਤਸਰ'ਚ ਸਾਂਝੀ ਸਰਹੱਦੀ ਚੌਕੀ, ਅਟਾਰੀ ਵਿਖੇ ਆਪਣੀ ਸਾਲਾਨਾ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ, ਡਾ. ਅਤੁਲ ਫੁਲਜ਼ੁਲੇ ਨੇ ਕਿਹਾ ਕਿ ICE ਅਤੇ ਅਫੀਮ ਵਰਗੇ ਕਈ ਹੋਰ ਨਸ਼ੀਲੇ ਪਦਾਰਥ ਵੀ ਜ਼ਬਤ ਕੀਤੇ ਗਏ ਨੇ. ਬਲ ਨੇ 12 ਹੈਂਡ ਗ੍ਰਨੇਡ ਅਤੇ 200

ਹਥਿਆਰਾਂ ਤੋਂ ਇਲਾਵਾ 10 ਕਿਲੋਗ੍ਰਾਮ ਤੋਂ ਵੱਧ ਆਰਡੀਐਕਸ ਵੀ ਜ਼ਬਤ ਕੀਤਾ ਏ. ਬਲ ਨੇ ਪਾਕਿਸਤਾਨ ਨਾਲ ਲੱਗਦੀ 553 ਕਿਲੋਮੀਟਰ ਲੰਮੀ ਪੰਜਾਬ ਸਰਹੱਦ ਦੀ ਰਾਖੀ ਕਰਦੇ ਹੋਏ 3 ਪਾਕਿਸਤਾਨੀ ਘੁਸਪੈਠੀਆਂ ਨੂੰ ਖਤਮ ਕਰ ਦਿਤਾ ਜਦਕਿ 18 ਪਾਕਿਸਤਾਨੀ, 4 ਨੇਪਾਲੀ ਅਤੇ 3 ਬੰਗਲਾਦੇਸ਼ੀ ਨਾਗਰਿਕਾਂ ਨੂੰ ਗ੍ਰਿਫ਼ਤਾਰ ਕੀਤਾ ਏ । ਬਲ ਨੇ 133 ਤਸਕਰਾਂ ਸਮੇਤ 251 ਸ਼ੱਕੀ ਵਿਅਕਤੀਆਂ ਨੂੰ ਹਥਿਆਰਾਂ, ਗੋਲੀ ਸਿੱਕੇ ਅਤੇ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਇਨ੍ਹਾਂ ਤੋਂ ਇਲਾਵਾ, BSF ਨੇ ਚੋਣਾਂ ਦੌਰਾਨ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਨਾਲ ਤਾਲਮੇਲ ਕੀਤਾ ਏ।

---------------------------------------------------------

ਲੁਧਿਆਣਾ ਵਿਚ ਬੀਤੀ ਦੇਰ ਰਾਤ ਵਿਆਹ ਸਮਾਗਮ ਵਿਚ ਨੌਜਵਾਨਾਂ ਦੇ 2 ਸਮੂਹਾਂ ਦਰਮਿਆਨ ਹੋਈ ਗੋਲ਼ੀਬਾਰੀ ਵਿਚ ਇਕ ਔਰਤ ਸਮੇਤ ਦੋ ਵਿਅਕਤੀਆਂ ਦੀ ਮੌਤ ਹੋ ਗਈ ਤੇ ਇਕ ਜ਼ਖਮੀ ਹੋ ਗਿਆ। ਮ੍ਰਿਤਕਾਂ ਦੀ ਪਛਾਣ ਵਾਸੂ ਚੋਪੜਾ ਅਤੇ ਨੀਤੂ ਛਾਬੜਾ ਵਜੋਂ ਹੋਈ ਏ। ਜ਼ਖਮੀ ਨੂੰ ਡੀ.ਐੱਮ.ਸੀ. ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਏ ।

ਲੁਧਿਆਣਾ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਮੁਤਾਬਕ ਦੋਵਾਂ ਗੁਟਾਂ ਵਿਚਕਾਰ ਹੋਈ ਬਹਿਸ ਕਾਰਨ ਝੜਪ ਹੋ ਗਈ ਸੀ। ਇਸ ਦੌਰਾਨ 25 ਗੋਲੀਆਂ ਚਲਾਈਆਂ ਗਈਆਂ ਤੇ ਨਤੀਜੇ ਵਜੋਂ 2 ਵਿਅਕਤੀਆਂ ਦੀ ਮੌਤ ਹੋ ਗਈ।

byte

-------------------------------------------------------

ਭਾਰਤੀ ਮੌਸਮ ਵਿਭਾਗ (IMD) ਨੇ ਕੱਲ੍ਹ ਤੱਕ ਪੰਜਾਬ ਵਿੱਚ ਸੀਤ ਲਹਿਰ ਦੀ ਸਥਿਤੀ ਅਤੇ ਹਿਮਾਚਲ ਪ੍ਰਦੇਸ਼ ਦੇ ਦੂਰ-ਦੁਰਾਡੇ ਇਲਾਕਿਆਂ ਵਿੱਚ ਧੁੰਦ ਪੈਣ ਦੀ ਪੇਸ਼ੀਨਗੋਈ ਕੀਤੀ ਏ.

-------------------------------------------------------

ਹਾਕੀ ਵਿੱਚ, ਭਾਰਤ ਅਤੇ ਬੈਲਜੀਅਮ ਦਰਮਿਆਨ ਸੁਲਤਾਨ ਅਜ਼ਲਾਨ ਸ਼ਾਹ ਕੱਪ 2025 ਦਾ ਫਾਈਨਲ ਮੁਕਾਬਲਾ ਅੱਜ ਮਲੇਸ਼ੀਆ ਦੇ ਇਪੋਹ ਵਿਖੇ ਖੇਡਿਆ ਜਾ ਰਿਹਾ ਏ ਭਾਰਤ ਨੇ ਕੈਨੇਡਾ ਉੱਤੇ 14-3 ਦੀ ਸ਼ਾਨਦਾਰ ਜਿੱਤ ਨਾਲ ਫਾਈਨਲ ਵਿਚ ਥਾਂ ਬਣਾਈ.

-------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ‘ਚ ਸੰਬੋਧਨ ਕਰਦਿਆਂ ਕਿਹਾ ਏ ਕਿ ਭਾਰਤ ਦੇ ਅਨਾਜ ਉਤਪਾਦਨ ‘ਚ ਪਿਛਲੇ 10 ਸਾਲਾਂ ਵਿੱਚ 100 ਮਿਲੀਅਨ ਟਨ ਦਾ ਵਾਧਾ ਹੋਇਆ ਏ.
- ਪੰਜਾਬ ਵਿਜੀਲੈਂਸ ਬਿਊਰੋ ਨੇ ਸਾਬਕਾ ਮੰਤਰੀ ਅਤੇ ਅਕਾਲੀ ਦਲ ਦੇ ਨੇਤਾ ਬਿਕਰਮ ਸਿੰਘ ਮਜੀਠੀਆ ਦੇ ਕਰੀਬੀ ਸਾਥੀ ਹਰਪ੍ਰੀਤ ਸਿੰਘ ਗੁਲਾਟੀ ਨੂੰ ਅੱਜ ਗ੍ਰਿਫ਼ਤਾਰ ਕਰ ਲਿਆ ਏ ।
- ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਪਾਕਿਸਤਾਨ ਦੀ ਹਮਾਇਤ ਪ੍ਰਾਪਤ ਗੈਂਗਸਟਰ ਨਾਲ ਜੁੜੇ ਇੱਕ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ।
- ਨਸ਼ੀਲੇ ਪਦਾਰਥਾਂ ਦੀ ਤਸਕਰੀ ਖਿਲਾਫ ਇੱਕ ਵੱਡੀ ਕਾਰਵਾਈ ਕਰਦਿਆਂ, ਜਲੰਧਰ ਕਮਿਸ਼ਨਰੇਟ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨਾਲ ਸਬੰਧਤ 36 ਲੱਖ ਤੋਂ ਵੱਧ ਰੁਪਏ ਦੀ ਚੱਲ ਅਤੇ ਅਚੱਲ ਜਾਇਦਾਦ ਜ਼ਬਤ ਕੀਤੀ ਏ।

- ਹਾਕੀ ਵਿੱਚ, ਭਾਰਤ ਅਤੇ ਬੈਲਜੀਅਮ ਦਰਮਿਆਨ ਸੁਲਤਾਨ ਅਜ਼ਲਾਨ ਸ਼ਾਹ ਕੱਪ 2025 ਦਾ ਫਾਈਨਲ ਮੁਕਾਬਲਾ ਅੱਜ ਮਲੇਸ਼ੀਆ ਦੇ ਇਪੋਹ ਵਿਖੇ ਖੇਡਿਆ ਜਾ ਰਿਹਾ ਏ.

---------------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**